# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :03-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ 'ਚ ਉਭਰਦੇ ਵਿਗਿਆਨ ਅਤੇ ਤਕਨਾਲੋਜੀ ਕਾਢ ਕਨਕਲੇਵ 2025 ਦਾ ਉਦਘਾਟਨ ਕੀਤਾ -ਕਿਹਾ -ਦੇਸ਼ ਹੁਣ ਸਿਰਫ਼ ਤਕਨਾਲੋਜੀ ਦਾ ਖਪਤਕਾਰ ਹੀ ਨਹੀਂ, ਸਗੋਂ ਤਕਨੀਕੀ ਤਬਦੀਲੀ ਦਾ ਮੋਢੀ ਬਣ ਗਿਆ ਏ।

- 9ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਵੇਂ ਸ਼ਹੀਦੀ ਦਿਹਾੜੇ ਦੇ ਸਮਾਗਮਾਂ ਦੀ ਲੜੀ 'ਚ, ਕੱਲ ਤੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਂਦੇ, ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ੁਰੂਆਤ।

- ਪੰਜਾਬ ਸਰਕਾਰ ਵਲੋਂ ਅਨਾਥ ਅਤੇ ਆਸ਼ਰਿਤ ਬੱਚਿਆਂ ਲਈ 242 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਜਾਰੀ।

- ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਪੰਜਵੀਂ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 3 ਲੱਖ ਤੋਂ ਵੱਧ ਪੈਨਸ਼ਨਰਾਂ ਲਈ 'ਪੈਨਸ਼ਨਰ ਸੇਵਾ ਪੋਰਟਲ' ਦੀ ਸ਼ੁਰੂਆਤ ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਹੁਣ ਸਿਰਫ਼ ਤਕਨਾਲੋਜੀ ਦਾ ਖਪਤਕਾਰ ਨਹੀਂ ਰਿਹਾ, ਸਗੋਂ ਤਕਨੀਕੀ ਤਬਦੀਲੀ ਵਿੱਚ ਮੋਹਰੀ ਬਣ ਗਿਆ ਏ। ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਉਭਰਦੇ ਵਿਗਿਆਨ ਅਤੇ ਤਕਨਾਲੋਜੀ ਕਾਢ ਸੰਮੇਲਨ 2025 ਦਾ ਉਦਘਾਟਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਵਿੱਚ ਦੁਨੀਆ ਦਾ

ਸਭ ਤੋਂ ਸਫਲ ਡਿਜੀਟਲ ਜਨਤਕ ਬੁਨਿਆਦੀ ਢਾਂਚਾ ਬਣਾਇਆ ਗਿਆ ਏ ।

BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਦੇਸ਼ ਵਿੱਚ ਕਾਡਾਂ ਦਾ ਇੱਕ ਆਧੁਨਿਕ ਈਕੋਸਿਸਟਮ ਬਣਾਉਣ ਲਈ ਖੋਜ ਨੂੰ ਸੁਵਿਧਾਜਨਕ ਬਣਾਉਣ 'ਤੇ ਧਿਆਨ ਕੇਂਦਰਿਤ ਕਰ ਰਹੀ ਏ ।

BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਬਣ ਗਿਆ ਏ ।

BYTE

---

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ-ਭਾਵਨਾ ਨਾਲ ਵੱਡੇ ਪੱਧਰ ‘ਤੇ ਮਨਾਇਆ ਜਾ ਰਿਹਾ ਏ । ਇਸੇ ਲੜੀ ਤਹਿਤ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਣ ਲਈ ਕੱਲ 4 ਨਵੰਬਰ ਤੋਂ ਸੂਬੇ ਦੇ ਵੱਖ-ਵੱਖ

ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ੁਰੂ ਹੋਣ ਜਾ ਰਹੇ ਨੇ। ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ 4 ਨਵੰਬਰ ਨੂੰ ਪਠਾਨਕੋਟ ਦੇ ਲਮੀਨੀ ਸਟੇਡੀਅਮ, ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਰੂਪਨਗਰ ਦੇ ਚਰਨ ਗੰਗਾ ਸਟੇਡੀਅਮ, ਪਟਿਆਲਾ ਦੇ ਪੋਲੋ ਗਰਾਊਂਡ ਅਤੇ ਫਤਹਿਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ੁਰੂਆਤ ਹੋਵੇਗੀ, ਜਿਸ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ 20 ਨਵੰਬਰ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਰਾਹੀਂ ਗੁਰੂ ਤੇਗ ਬਹਾਦਰ ਜੀ ਦੇ ਸਮੁੱਚੇ ਜੀਵਨ, ਫ਼ਲਸਫ਼ੇ ਅਤੇ ਧਰਮ ਦੀ ਰੱਖਿਆ ਲਈ ਉਨ੍ਹਾਂ ਵੱਲੋਂ ਦਿੱਤੀ ਗਈ ਮਹਾਨ ਕੁਰਬਾਨੀ ਨੂੰ ਦਰਸਾਇਆ ਜਾਵੇਗਾ ਤਾਂ ਜੋ ਸਾਡੀ ਮੌਜੂਦਾ ਪੀੜੀ ਇਸ ਮਹਾਨ ਇਤਿਹਾਸ ਬਾਰੇ ਜਾਣੂੰ ਹੋ ਸਕੇ। ਉਨ੍ਹਾਂ ਸੰਗਤ ਨੂੰ ਇਨ੍ਹਾਂ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਕੇ ਇਤਿਹਾਸਿਕ ਪਲਾਂ ਦੇ ਗਵਾਹ ਬਣਨ ਦੀ ਅਪੀਲ ਕੀਤੀ।

-------------------------------------------------------

ਏਧਰ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ  ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕੱਲ ਤੋਂ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ ਨੇ ਸਟੇਡੀਅਮ ਵਿਖੇ ਪਹੁੰਚ ਕੇ ਲਾਈਟ ਐਂਡ ਸਾਊਂਡ ਸ਼ੋਅ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਮੌਕੇ ’ਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਸੰਗਤ ਦੀ ਸ਼ਮੂਲੀਅਤ ਦੇ ਮੱਦੇਨਜ਼ਰ ਸਟੇਡੀਅਮ ਵਿੱਚ ਸੁਖਾਲੇ ਦਾਖਲੇ ਤੋਂ ਇਲਾਵਾ ਬੈਠਣ ਦੇ ਪੁਖ਼ਤਾ ਅਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਜਾਣ, ਤਾਂ ਜੋ ਸੰਗਤ ਨੂੰ ਕਿਸੇ ਅਸੁਵਿਧਾ ਸਾਹਮਣਾ ਨਾ ਕਰਨਾ ਪਵੇ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਕਮਿਸ਼ਨਰੇਟ ਪੁਲਿਸ ਵੱਲੋਂ ਸਟੇਡੀਅਮ ਵਿਖੇ ਵੱਡੀ ਗਿਣਤੀ ਸੰਗਤ ਦੀ ਆਮਦ ਦੇ ਮੱਦੇਨਜ਼ਰ ਸੁਰੱਖਿਆ ਅਤੇ ਢੁੱਕਵੀਂ ਪਾਰਕਿੰਗ ਦੇ ਪ੍ਰਬੰਧ ਯਕੀਨੀ ਬਣਾਏ ਜਾਣਗੇ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ  ਸੂਬਾ ਸਰਕਾਰ ਅਨਾਥ ਅਤੇ ਆਸ਼ਰਿਤ ਬੱਚਿਆਂ ਦੇ ਬੇਹਤਰ ਭਵਿੱਖ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਵਿੱਤੀ ਤੇ ਸਮਾਜਿਕ ਸਹਾਇਤਾ ਯੋਜਨਾਵਾਂ ਰਾਹੀਂ ਕੰਮ ਕਰ ਰਹੀ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਭਰ ਦੇ ਆਸ਼ਰਿਤ ਬੱਚਿਆਂ ਨੂੰ ਹੁਣ ਤੱਕ ਕੁੱਲ 242 ਕਰੋੜ 77 ਲਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਏ । ਇਹ ਸਹਾਇਤਾ ਉਹਨਾਂ ਬੱਚਿਆਂ ਲਈ ਏ ਜਿਨ੍ਹਾਂ ਦੇ ਮਾਤਾ-ਪਿਤਾ ਵਿਚੋਂ ਕੋਈ ਇੱਕ ਜਾਂ ਦੋਵੇਂ ਦਾ ਦੇਹਾਂਤ ਹੋ ਚੁੱਕਾ ਏ ਜਾਂ ਜਿਨ੍ਹਾਂ ਦੇ ਪਰਿਵਾਰ ਬਹੁਤ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਚਾਲੂ ਵਿੱਤੀ ਸਾਲ 2025–26 ਲਈ ਇਸ ਯੋਜਨਾ ਹੇਠ 410 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਏ । ਇਸ ਸਮੇਂ  2 ਲਖ 32 ਹਜ਼ਾਰ 290 ਬੱਚਿਆਂ ਨੂੰ ਨਿਯਮਿਤ ਵਿੱਤੀ ਸਹਾਇਤਾ ਮਿਲ ਰਹੀ ਏ , ਜਿਸ ਨਾਲ ਉਹ ਆਪਣੀ

ਪੜ੍ਹਾਈ ਜਾਰੀ ਰੱਖ ਸਕਦੇ ਹਨ, ਚੰਗੀ ਪਰਵਰਿਸ਼ ਹਾਸਲ ਕਰ ਰਹੇ ਨੇ ਅਤੇ ਜੀਵਨ ਦੇ ਮਿਆਰ ਵਿੱਚ ਸੁਧਾਰ ਆ ਰਿਹਾ ਏ ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਹੋਈ ਸਾਲਾਨਾ ਚੋਣ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਪੰਜਵੀਂ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਨੇ । ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਜਨਰਲ ਇਜਲਾਸ ਦੌਰਾਨ ਹੋਈ ਚੋਣ ਮੌਕੇ ਕੁੱਲ ਪਈਆਂ 136 ਵੋਟਾਂ ਵਿੱਚੋਂ 117 ਵੋਟਾਂ ਪ੍ਰਾਪਤ ਕਰਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿੱਤ ਹਾਸਲ ਕੀਤੀ। ਉਨ੍ਹਾਂ ਦੇ ਮੁਕਾਬਲੇ ਪ੍ਰਧਾਨਗੀ ਦੀ ਚੋਣ ਲੜਨ ਲਈ ਮਿੱਠੂ ਸਿੰਘ ਕਾਹਨੇਕੇ ਨੂੰ 18 ਵੋਟਾਂ ਪਈਆਂ, ਜਦਕਿ 1 ਵੋਟਾਂ ਰੱਦ ਹੋਈ। ਜਨਰਲ ਇਜਲਾਸ ਦੌਰਾਨ ਰਘੂਜੀਤ ਸਿੰਘ ਵਿਰਕ ਨੂੰ ਸੀਨੀਅਰ ਮੀਤ ਪ੍ਰਧਾਨ, ਬਲਦੇਵ ਸਿੰਘ ਕਲਿਆਣ ਨੂੰ ਜੂਨੀਅਰ ਮੀਤ ਪ੍ਰਧਾਨ ਅਤੇ ਸ਼ੇਰ ਸਿੰਘ ਮੰਡਵਾਲਾ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ 11 ਮੈਂਬਰੀ ਅੰਤ੍ਰਿੰਗ ਕਮੇਟੀ ਲਾਇ ਵੀ ਮੈਂਬਰਾਂ ਦੀ ਚੋਣ ਕੀਤੀ ਗਈ ।

---

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਲਗਭਗ 3 ਲੱਖ 15 ਹਜ਼ਾਰ ਪੈਨਸ਼ਨਰਾਂ ਲਈ ਪੈਨਸ਼ਨ ਸੇਵਾਵਾਂ ਨੂੰ ਸੁਚਾਰੂ ਬਣਾਉਣ ਲਈ ਤਿਆਰ ਕੀਤੇ ਗਏ 'ਪੈਨਸ਼ਨਰ ਸੇਵਾ ਪੋਰਟਲ' ਦੀ ਸ਼ੁਰੂਆਤ ਕਰਨ ਦਾ ਐਲਾਨ ਕੀਤਾ। ਪੋਰਟਲ ਪੈਨਸ਼ਨਰ ਸੇਵਾ .punjab.gov.in ਦਾ ਉਦੇਸ਼ ਪੈਨਸ਼ਨ ਵੰਡ ਮਾਮਲਿਆਂ ਦੀ ਪ੍ਰਕਿਰਿਆ ਦੇ ਸੁਖਾਲਾ ਕਰਨਾ ਅਤੇ ਪੈਨਸ਼ਨਰਾਂ ਤੇ ਪਰਿਵਾਰਕ ਪੈਨਸ਼ਨਰਾਂ ਨੂੰ ਕਈ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕਰਨਾ ਏ। ਚੰਡੀਗੜ੍ਹ ਵਿਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਪੋਰਟਲ ਸ਼ੁਰੂ ਵਿੱਚ ਪੈਨਸ਼ਨਰਾਂ ਨੂੰ ਛੇ ਮੁੱਖ ਸੇਵਾਵਾਂ ਪ੍ਰਦਾਨ ਕਰੇਗਾ, ਜਿਨ੍ਹਾਂ ਵਿੱਚ 'ਜੀਵਨ ਪ੍ਰਮਾਣ' ਮੋਬਾਈਲ ਐਪ ਰਾਹੀਂ ਡਿਜੀਟਲ ਲਾਈਫ਼ ਸਰਟੀਫਿਕੇਟ ਜਮ੍ਹਾਂ ਕਰਾਉਣਾ, ਉਤਰਾਅਧਿਕਾਰੀ ਮਾਡਿਊਲ ਰਾਹੀਂ ਪੈਨਸ਼ਨ ਨੂੰ ਪਰਿਵਾਰਕ ਪੈਨਸ਼ਨ ਵਿੱਚ ਤਬਦੀਲ ਕਰਨ ਲਈ ਅਰਜ਼ੀ ਦੇਣਾ, (ਐੱਲ.ਟੀ.ਸੀ.) ਲੈਣ ਲਈ ਅਰਜ਼ੀ ਦੇਣਾ, ਸ਼ਿਕਾਇਤ ਨਿਵਾਰਣ ਮਾਡਿਊਲ ਰਾਹੀਂ ਪੈਨਸ਼ਨ ਸਬੰਧੀ ਸ਼ਿਕਾਇਤਾਂ ਦਰਜ ਕਰਨਾ, ਅਤੇ

ਪ੍ਰੋਫ਼ਾਈਲ ਅਪਡੇਸ਼ਨ ਮਾਡਿਊਲ ਰਾਹੀਂ ਪੈਨਸ਼ਨਰ ਦੇ ਨਿੱਜੀ ਵੇਰਵਿਆਂ ਵਿੱਚ  ਬਦਲਾਅ ਕਰਨਾ ਸ਼ਾਮਲ ਏ ।  ਵਿੱਤ ਮੰਤਰੀ ਨੇ ਦੱਸਿਆ ਕਿ ਇਹਨਾਂ ਸੇਵਾਵਾਂ ਦਾ ਲਾਭ ਲੈਣ ਦੀ ਪ੍ਰਕਿਰਿਆ ਸਰਲ ਏ । ਉਨ੍ਹਾਂ ਕਿਹਾ ਕਿ ਪੈਨਸ਼ਨਰ ਪੋਰਟਲ 'ਤੇ ਉਪਲਬਧ ਆਧਾਰ ਪ੍ਰਮਾਣਿਕਤਾ ਸਹੂਲਤ ਰਾਹੀਂ ਈ-ਕੇ.ਵਾਈ.ਸੀ. ਪੂਰੀ ਕਰਕੇ 'ਪੈਨਸ਼ਨਰ ਸੇਵਾ ਪੋਰਟਲ' 'ਤੇ ਰਜਿਸਟਰ ਕਰ ਸਕਦੇ ਨੇ ।

--------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਵਲੋਂ ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣਾਂ ਦੇ ਮੱਦੇਨਜ਼ਰ ਚੋਣ ਰੈਲੀ ਦੌਰਾਨ ਮਰਹੂਮ ਗ੍ਰਹਿ ਮੰਤਰੀ ਬੂਟਾ ਸਿੰਘ ਪ੍ਰਤੀ ਵਰਤੀ ਸ਼ਬਦਾਵਲੀ ਦਾ ਆਪਣੇ ਪੱਧਰ 'ਤੇ  ਨੋਟਿਸ ਲਿਆ ਏ । ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ । ਉਨ੍ਹਾਂ ਕਿਹਾ ਕਿ ਕਮਿਸ਼ਨ ਨੇ ਇਸ ਮਾਮਲੇ

ਵਿਚ ਨੋਟਿਸ ਲੈਂਦਿਆਂ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ 6 ਨਵੰਬਰ ਨੂੰ ਨਿੱਜੀ ਤੌਰ ਤੇ ਪੇਸ਼ ਹੋਣ  ਅਤੇ ਨਾਲ ਹੀ ਤਰਨਤਾਰਨ ਦੇ ਰਿਟਰਨਿੰਗ ਅਫ਼ਸਰ ਨੂੰ 4 ਨਵੰਬਰ  ਨੂੰ ਨਿੱਜੀ ਤੌਰ ਤੇ ਪੇਸ਼ ਹੋ ਕੇ ਰਿਪੋਰਟ ਪੇਸ਼ ਕਰਨ ਲਈ ਕਿਹਾ ਗਿਆ ਏ।

---------------------------------------------------------

ਪਠਾਨਕੋਟ ਵਿਖੇ  ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਕਡਿਆ ਗਿਆ। ਗੁਰੂ ਦੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਗੁਰਦੁਆਰਾ ਸਰਾਈ ਮਹਲਾ ਤੋਂ ਸ਼ੁਰੂ ਹੋਇਆ ਇਹ ਨਗਰ ਕੀਰਤਨ ਪਠਾਣਕੋਟ ਦੇ ਵੱਖ ਵੱਖ ਬਾਜ਼ਾਰਾਂ ਗਲੀਆਂ ਦੇ ਵਿੱਚੋਂ ਹੋ ਕੇ ਗੁਜਰਿਆ। ਗੁਰੂ ਦੀ ਫੌਜ ਨੇ ਆਪਣੇ ਜੰਗੀ ਜੌਹਰ ਦਿਖਾਏ ਅਤੇ ਫੌਜੀ ਬੈਂਡ ਵੱਲੋਂ ਵੀ ਆਪਣੇ ਕਰਤਵ ਦਿਖਾਏ ਗਏ।  ਸੰਗਤਾਂ ਵੱਲੋਂ ਵੱਖ-ਵੱਖ ਜਗ੍ਹਾ ਤੇ ਲੰਗਰ ਲਾਇਆ ਗਿਆ।    ਓਧਰ ਗੁਰਦਾਸਪੁਰ ਦੇ ਗੁਰੂਦੁਆਰਾ ਸਿੰਘ ਸਭਾ ਤੋਂ ਵੀ ਪੰਜ ਪਿਆਰੀਆਂ ਦੀ ਅਗਵਾਈ ਵਿੱਚ ਇੱਕ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ। ਇਸ ਨਗਰ ਕੀਰਤਨ ਦਾ ਸੰਗਤਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ।

---

ਗੈਂਗਸਟਰ ਵਿਰੋਧੀ ਕਾਰਜ ਬਲ ਨੇ ਫਿਰੋਜ਼ਪੁਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਫਿਰੋਜ਼ਪੁਰ ਤੋਂ ਆਸ਼ੀਸ਼ ਚੋਪੜਾ ਗੈਂਗ ਦੇ ਦੋ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਚੋਂ 205 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫਿਰੋਜ਼ਪੁਰ ਦੇ ਰਸ਼ਪਾਲ ਉਰਫ਼ ਸੇਵਕ ਅਤੇ ਰਾਜੀਵ ਉਰਫ਼ ਜੱਸਾ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਇਕ ਖੁਫੀਆ ਸੂਹ ਦੇ ਅਧਾਰ 'ਤੇ ਕਾਰਵਾਈ ਕਰਦੇ ਹੋਏ ਪਿੰਡ ਮਧਰੇ ਵਿਖੇ ਰੇਲਵੇ ਕਰਾਸਿੰਗ ਦੇ ਨੇੜਿਓਂ ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਵਿਅਕਤੀ ਆਸ਼ੀਸ਼ ਚੋਪੜਾ ਗੈਂਗ ਦੇ ਸ਼ੂਟਰ ਯੁਵੀ ਦੇ ਸੰਪਰਕ ਵਿੱਚ ਸਨ ਜੋ ਕਿ ਮਈ 2025 ਵਿੱਚ ਫਿਰੋਜ਼ਪੁਰ ਵਿਖੇ ਹੋਏ ਆਸ਼ੂ ਮੌਂਗਾ ਕਤਲ ਮਾਮਲੇ ਵਿੱਚ ਲੋੜੀਂਦਾ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਏ।

---

ਪਠਾਨਕੋਟ ਦੇ ਹੜ੍ਹ ਪੀੜਤ ਪਰਿਵਾਰਾਂ ਨੂੰ ਫਸਲਾਂ ਦੇ ਹੋਏ ਨੁਕਸਾਨ ਦਾ ਮੁਆਵਜਾ ਦੇਣ ਲਈ ਪਿੰਡ ਬਮਿਆਲ ਸਥਿਤ ਆਈ.ਟੀ.ਆਈ. ਵਿਖੇ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪਿਛਲੇ ਦਿਨ੍ਹਾਂ ਦੋਰਾਨ ਹੜ੍ਹਾਂ ਦੀ ਮਾਰ ਕਰਕੇ ਪੂਰੇ ਪੰਜਾਬ ਅੰਦਰ ਲੋਕਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਵੀ 82 ਪਿੰਡਾਂ ਅੰਦਰ ਹੜ੍ਹਾਂ ਦੇ ਕਾਰਨ ਫਸਲਾਂ ਪ੍ਰਭਾਵਿੱਤ ਹੋਈਆਂ ਨੇ । ਉਨ੍ਹਾਂ ਕਿਹਾ ਕਿ ਬਮਿਆਲ ਦੇ ਹੜ੍ਹ ਪ੍ਰਭਾਵਿੱਤ 14 ਪਿੰਡ ਦੇ ਕਰੀਬ 350 ਪਰਿਵਾਰਾਂ ਨੂੰ ਇੱਕ ਕਰੋੜ 30 ਲੱਖ ਰੁਪਏ ਦੀ ਰਾਸੀ ਫਸਲਾਂ ਦੇ ਮੁਆਵਜੇ ਵੱਜੋਂ ਦਿੱਤੇ ਗਏ ਨੇ । ਉਨ੍ਹਾਂ ਕਿਹਾ ਕਿ ਬਾਕੀ ਪਿੰਡਾਂ ਨੂੰ ਵੀ ਆਉਂਣ ਵਾਲੇ ਦਿਨ੍ਹਾਂ ਦੇ ਅੰਦਰ ਫਸਲਾਂ ਦਾ ਮੁਆਵਜਾ ਦਿੱਤਾ ਜਾਵੇਗਾ।

------------------------------------------------------------

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਸ੍ਰੀ ਮੁਕਤਸਰ ਸਾਹਿਬ ਦੇ ਹਲਕਾ ਲੰਬੀ ਦੇ ਪਿੰਡ ਬੋਦੀਵਾਲਾ, ਪੰਨੀਵਾਲਾ ਅਤੇ ਮਿੱਡਾ ਵਿਖੇ 1 ਕਰੋੜ 20 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ

ਰੱਖੇ। ਕੈਬਨਿਟ ਮੰਤਰੀ ਨੇ ਲੰਬੀ ਹਲਕੇ ਦੇ ਪਿੰਡ ਬੋਦੀਵਾਲਾ ਵਿਖੇ ਲਗਭਗ 25 ਲੱਖ ਦੀ ਲਾਗਤ ਨਾਲ ਬਨਣ ਵਾਲੇ ਪੰਚਾਇਤ ਘਰ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ । ਉਨ੍ਹਾਂ ਕਿਹਾ ਕਿ ਪਿੰਡ ਵਿਚ ਲਗਭਗ 36 ਲੱਖ ਦੀ ਲਾਗਤ ਨਾਲ ਖੇਡ ਮੈਦਾਨ ਦੀ ਉਸਾਰੀ , 3 ਲੱਖ ਦੀ ਲਾਗਤ ਨਾਲ ਬਸ ਅੱਡੇ ਦੀ ਉਸਾਰੀ, 5 ਲੱਖ ਦੀ ਲਾਗਤ ਨਾਲ ਠੋਸ ਰਹਿੰਦ ਖੂਹੰਦ ਪ੍ਰਬੰਧਨ , ਲਗਭਗ 54 ਲੱਖ ਦੀ ਲਾਗਤ ਨਾਲ ਬੋਦੀਵਾਲਾ ਤੋਂ ਗੱਦਾਡੋਬ ਸੜਕ ਅਤੇ ਲਗਭਗ 40 ਲੱਖ ਦੀ ਲਾਗਤ ਨਾਲ ਰੱਤਾਖੇੜਾ ਤੋਂ ਬੋਦੀਵਾਲਾ ਸੜਕ ਦੇ ਨਿਰਮਾਣ ਲਈ ਵੀ ਕੰਮ ਕਰਵਾਏ ਗਏ ਨੇ । ਉਨ੍ਹਾਂ ਦੱਸਿਆ ਕਿ ਅੱਜ ਪਿੰਡ ਪੰਨੀਵਾਲਾ ਵਿਖੇ ਲਗਭਗ 10 ਲੱਖ ਦੀ ਲਾਗਤ ਨਾਲ ਵਾਟਰ ਵਰਕਸ ਦੀ ਪਾਈਪ ਅਤੇ ਲਗਭਗ 25 ਲੱਖ ਦੀ ਲਾਗਤ ਨਾਲ ਪੰਚਾਇਤ ਘਰ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ 4 ਨਵੇਂ ਬਸ ਅੱਡਿਆਂ ਦੀ ਉਸਾਰੀ ਸਮੇਤ ਹੋਰ ਕਈ ਕੰਮ ਮੁਕੰਮਲ ਹੋ ਚੁੱਕੇ ਨੇ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਏ । ਉਨ੍ਹਾਂ ਸਬੰਧਤ

ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ  ਅਤੇ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ 'ਚ ਉਭਰਦੇ ਵਿਗਿਆਨ ਅਤੇ ਤਕਨਾਲੋਜੀ ਕਾਢ ਕਨਕਲੇਵ 2025 ਦਾ ਉਦਘਾਟਨ ਕੀਤਾ -ਕਿਹਾ -ਦੇਸ਼ ਹੁਣ ਸਿਰਫ਼ ਤਕਨਾਲੋਜੀ ਦਾ ਖਪਤਕਾਰ ਹੀ ਨਹੀਂ, ਸਗੋਂ  ਤਕਨੀਕੀ ਤਬਦੀਲੀ ਦਾ ਮੋਢੀ ਬਣ ਗਿਆ ਏ।

- 9ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਵੇਂ ਸ਼ਹੀਦੀ ਦਿਹਾੜੇ ਦੇ ਸਮਾਗਮਾਂ ਦੀ ਲੜੀ 'ਚ, ਕੱਲ ਤੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਂਦੇ, ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ੁਰੂਆਤ।

- ਪੰਜਾਬ ਸਰਕਾਰ ਵਲੋਂ ਅਨਾਥ ਅਤੇ ਆਸ਼ਰਿਤ ਬੱਚਿਆਂ ਲਈ 242 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਜਾਰੀ।

- ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਪੰਜਵੀਂ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 3 ਲੱਖ ਤੋਂ ਵੱਧ ਪੈਨਸ਼ਨਰਾਂ ਲਈ 'ਪੈਨਸ਼ਨਰ ਸੇਵਾ ਪੋਰਟਲ' ਦੀ ਸ਼ੁਰੂਆਤ ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**